ਜੇਤੂਆਂ ਦਾ ਸਨਮਾਨ ਕਰਦੇ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਧਾਲੀਵਾਲ ਤੇ ਸਟਾਫ਼। ਤਸਵੀਰ : ਜਗਰੂਪ ਸਿੰਘ ਸਰੋਆ

ਭਾਈ ਰੂਪ ਚੰਦ ਮਾਡਲ ਹਾਈ ਸਕੂਲ ਸਮਾਧ ਭਾਈ 'ਚ ਦੀਵਾਲੀ ਮੌਕੇ ਬਹੁਪੱਖੀ ਮੁਕਾਬਲੇ ਕਰਵਾਏ

ਸਮਾਧ ਭਾਈ, 19 ਅਕਤੂਬਰ (ਜਗਰੂਪ ਸਿੰਘ ਸਰੋਆ)-ਭਾਈ ਰੂਪ ਚੰਦ ਮਾਡਲ ਹਾਈ ਸਕੂਲ ਸਮਾਧ ਭਾਈ ਵਿਚ ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਰੰਗੋਲੀ, ਪੇਂਟਿੰਗ, ਮਹਿੰਦੀ, ਦੀਵਾ ਸਜਾਵਟ ਆਦਿ ਮੁਕਾਬਲੇ ਕਰਵਾਏ ਗਏ। ਇਸ ਮੌਕੇ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਹੋਰਨਾਂ ਪ੍ਰਤੀ ਕਿਰਿਆਵਾਂ ਵਿਚ ਰੁਚੀ ਨੂੰ ਧਿਆਨ ਵਿਚ ਰੱਖਦੇ ਹੋਏ ਇਹ ਮੁਕਾਬਲੇ ਕਰਵਾਏ ਗਏ ਤਾਂ ਜੋ ਬੱਚਿਆਂ ਦਾ ਮਾਨਸਿਕ ਅਤੇ ਬੌਧਿਕ ਵਿਕਾਸ ਹੋ ਸਕੇ। ਇਨ੍ਹਾਂ ਮੁਕਾਬਲਿਆਂ ਵਿਚ ਮਹਿੰਦੀ 'ਚੋਂ ਨੌਵੀਂ ਜਮਾਤ ਦੀ ਸਵਰੀਤ ਕੌਰ ਨੇ ਪਹਿਲਾ, ਸਤਵਿੰਦਰ ਕੌਰ ਨੇ ਦੂਜਾ, ਸੰਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਰੰਗੋਲੀ ਵਿਚ ਦਸਵੀਂ ਜਮਾਤ ਦੀ ਜਸਮੀਤ ਕੌਰ ਨੇ ਪਹਿਲਾ, ਨੌਵੀਂ ਜਮਾਤ ਦੀ ਹਰਜੋਤ ਕੌਰ ਦੂਜਾ ਤੇ ਗੁਰਨੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਪੇਂਟਿੰਗ ਵਿਚ ਛੇਵੀਂ ਜਮਾਤ ਦੇ ਮਨਿੰਦਰ ਸਿੰਘ ਨੇ ਪਹਿਲਾ, ਨੌਵੀਂ ਜਮਾਤ ਦੇ ਲਵਪ੍ਰੀਤ ਸਿੰਘ ਨੇ ਦੂਜਾ ਤੇ ਛੇਵੀਂ ਜਮਾਤ ਦੇ ਅਰਮਾਨ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰਾਇਮਰੀ ਵਿਭਾਗ ਦੇ ਪੇਂਟਿੰਗ ਮੁਕਾਬਲੇ ਵਿਚ ਚੌਥੀ ਜਮਾਤ ਦੀ ਮਨਜੀਤ ਕੌਰ ਨੇ ਪਹਿਲਾ, ਜਸਮੀਤ ਕੌਰ ਨੇ ਦੂਜਾ ਤੇ ਪੰਜਵੀਂ ਜਮਾਤ ਦੇ ਨਮਨਜੋਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਦੀਵਾ ਸਜਾਵਟ ਵਿਚ ਅੱਠਵੀਂ ਜਮਾਤ ਦੀ ਏਕਨੂਰ ਕੌਰ ਨੇ ਪਹਿਲਾ, ਪਰਦੀਪ ਕੌਰ ਨੇ ਦੂਜਾ ਅਤੇ ਚਰਨਪ੍ਰੀਤ ਕੌਰ ਤੇ ਤੀਸਰੀ ਜਮਾਤ ਦੇ ਯੁਵਰਾਜ ਸਿੰਘ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਇਸ ਸਮੇਂ ਅੱਵਲ ਆਏ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਿਰਨਜੀਤ ਕੌਰ, ਪਰਮਜੀਤ ਕੌਰ, ਪਰਮਿੰਦਰ ਕੌਰ, ਮਨਜੀਤ ਕੌਰ, ਇੰਦਰਜੀਤ ਕੌਰ, ਹਰਦੀਪ ਕੌਰ, ਕਮਲਜੀਤ ਕੌਰ, ਕੁਲਦੀਪ ਕੌਰ, ਬਲਜੀਤ ਕੌਰ, ਸੁਖਪ੍ਰੀਤ ਕੌਰ, ਸੁਖਚਰਨਜੀਤ ਸਿੰਘ, ਖ਼ੁਸ਼ਬੂ ਬਾਂਸਲ, ਵੀਰਪਾਲ ਕੌਰ, ਅਨੀਤਾ ਰਾਣੀ, ਬਿੰਦਰ ਕੌਰ ਆਦਿ ਹਾਜ਼ਰ ਸਨ।

ਬਾਬਾ ਫ਼ਰੀਦ ਪਬਲਿਕ ਹਾਈ ਸਕੂਲ (ਬਾਜਾਖਾਨਾ ਰੋਡ) ਜੈਤੋ ਵਿਖੇ ਦੀਵਾਲੀ ਦਾ ਤਿਉਹਾਰ ਮਨਾਉਣ ਮੌਕੇ ਅਧਿਆਪਕ ਤੇ ਬੱਚੇ। ਤਸਵੀਰ : ਗੁਰਚਰਨ ਸਿੰਘ ਗਾਬੜੀਆ

ਬਾਬਾ ਫ਼ਰੀਦ ਪਬਲਿਕ ਹਾਈ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਜੈਤੋ, 19 ਅਕਤੂਬਰ (ਗੁਰਚਰਨ ਸਿੰਘ ਗਾਬੜੀਆ)-ਬਾਬਾ ਫ਼ਰੀਦ ਪਬਲਿਕ ਹਾਈ ਸਕੂਲ (ਬਾਜਾਖਾਨਾ ਰੋਡ) ਜੈਤੋ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਉਤਸਾਹ ਨਾਲ ਮਨਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਦਰਸ਼ਨਾਂ ਦੇਵੀ ਅਤੇ ਅਧਿਆਪਕਾਂ ਨੇ ਦੀਵਾਲੀ ਦੀ ਮਹੱਤਤਾ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਤਿਉਹਾਰ ਅਧਿਆਤਮਕ ਤੌਰ 'ਤੇ ਹਨ੍ਹੇਰੇ ਉੱਤੇ ਰੌਸ਼ਨੀ, ਅਗਿਆਨਤਾ ਉੱਤੇ ਗਿਆਨ, ਬੁਰਾਈ ਉੱਤੇ ਚੰਗਿਆਈ ਤੇ ਨਿਰਾਸ਼ਾ ਉੱਤੇ ਉਮੀਦ ਦੀ ਜਿੱਤ ਦਾ ਪ੍ਰਤੀਕ ਹੈ। ਇਸ ਮੌਕੇ ਸਕੂਲ ਵਿਚ ਦੀਵਾਲੀ ਦਾ ਤਿਉਹਾਰ ਉਤਸ਼ਾਹ ਨਾਲ ਪ੍ਰਦੂਸ਼ਣ ਰਹਿਤ ਵਜੋਂ ਮਨਾਇਆ ਗਿਆ। ਸਕੂਲ ਦੇ ਕੈਂਪਸ ਵਿਖੇ ਬਹੁਤ ਹੀ ਸੁੰਦਰ ਰੰਗੋਲੀਆਂ ਬਣਾਈਆਂ ਗਈਆਂ, ਸਜਾਵਟੀ ਲੜੀਆਂ ਨਾਲ ਸਜਿਆ ਸਕੂਲ ਮਨਮੋਹਕ ਲੱਗ ਰਿਹਾ ਸੀ। ਪ੍ਰਿੰਸੀਪਲ ਦਰਸ਼ਨਾਂ ਦੇਵੀ ਬੱਚਿਆਂ ਵਲੋਂ ਸਜਾਏ ਕਮਰਿਆਂ ਦਾ ਦੌਰਾ ਕੀਤਾ ਤੇ ਬੱਚਿਆਂ ਨੂੰ ਮਠਿਆਈਆਂ ਵੰਡੀਆਂ। ਉਨ੍ਹਾਂ ਬੱਚਿਆਂ ਨੂੰ ਪਟਾਕੇ ਨਾ ਚਲਾਉਣ ਤੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਕੂਲ ਦੇ ਅਧਿਆਪਕਾਂ ਨੂੰ ਗਿਫ਼ਟ ਵੀ ਵੰਡੇ ਗਏ। ਸਮਾਗਮ ਵਿਚ ਸਕੂਲ ਦੇ ਬੱਚੇ, ਅਧਿਆਪਕ ਤੇ ਸਟਾਫ਼ ਹਾਜ਼ਰ ਸੀ।

ਜਨਮ ਦਿਨ ਮੁਬਾਰਕ

ਰਘੂਵੀਰ ਸਿੰਘ, ਪਿਤਾ ਮਨਦੀਪ ਸਿੰਘ, ਮਾਤਾ ਮਨਦੀਪ ਕੌਰ, ਪਿੰਡ ਧੱਲੇਕੇ (ਮੋਗਾ)।

ਵਿਧਾਇਕ ਗੁਰਦਿੱਤ ਸਿਘ ਸੇਖੋਂ ਸਾਦਿਕ ਵਿਖੇ ਜਿੰਮ ਦਾ ਉਦਘਾਟਨ ਕਰਦੇ ਹੋਏ। ਨਾਲ ਸਰਪੰਚ ਅਤੇ ਸਮੂਹ ਗ੍ਰਾਮ ਪੰਚਾਇਤ। ਤਸਵੀਰ: ਆਰ.ਐਸ.ਧੁੰਨਾ

ਵਿਧਾਇਕ ਸੇਖੋਂ ਨੇ ਸਾਦਿਕ ਵਿਖੇ ਜਿੰਮ ਦਾ ਉਦਘਾਟਨ ਕੀਤਾ

ਸਾਦਿਕ, 19 ਅਕਤੂਬਰ (ਆਰ.ਐਸ.ਧੁੰਨਾ)- ਸਾਦਿਕ ਅਤੇ ਆਸ ਪਾਸ ਦੇ ਖਿਡਾਰੀਆਂ ਲਈ ਆਧੁਨਿਕ ਸਹੂਲਤਾਂ ਨਾਲ ਲੈਸ ਜਿੰਮ ਦਾ ਉਦਘਾਟਨ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕੀਤਾ। ਜਿੰਮ ਨੂੰ ਲੋਕ ਅਰਪਣ ਕਰਨ ਉਪਰੰਤ ਉਨ੍ਹਾਂ ਖਿਡਾਰੀਆਂ ਨੂੰ ਖੇਡ ਕਿੱਟਾਂ ਵੀ ਵੰਡੀਆਂ ਤਾਂ ਜੋ ਨੌਜਵਾਨ ਹੋਰ ਉਤਸ਼ਾਹ ਨਾਲ ਖੇਡਾਂ ਵਿਚ ਹਿੱਸਾ ਲੈ ਸਕਣ। ਉਨ੍ਹਾਂ ਦੱਸਿਆ ਕਿ ਦੀਵਾਲੀ ਤੋਂ ਬਾਅਦ ਸਾਦਿਕ ਵਿਖੇ ਨਵੇਂ ਬਣਨ ਵਾਲੇ ਸਟੇਡੀਅਮ ਦਾ ਨੀਂਹ ਪੱਥਰ ਵੀ ਰੱਖਿਆ ਜਾਵੇਗਾ। ਉਨ੍ਹਾਂ ਸਾਦਿਕ ਦੀ ਇਕ ਛੋਟੀ ਉਮਰ ਦੀ ਖਿਡਾਰਨ ਨਵਜੋਤ ਕੌਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਗਰੀਬ ਪਰਿਵਾਰ ਨਾਲ ਸਬੰਧਿਤ ਇਸ ਬੱਚੀ ਨੇ ਆਪਣੀ ਲਗਨ ਅਤੇ ਮਿਹਨਤ ਨਾਲ ਛੋਟੀ ਉਮਰ ਵਿਚ ਹੀ ਖੇਡਾਂ ਦੇ ਖੇਤਰ ਵਿਚ ਇਕ ਵੱਖਰੀ ਪਹਿਚਾਣ ਬਣਾਈ ਹੈ। ਇਸ ਮੌਕੇ ਸਰਪੰਚ ਦੀਸ਼ਾ ਸਿੰਘ ਸਾਦਿਕ, ਪੰਚਾਇਤ ਸਕੱਤਰ ਦੇਵੀ ਲਾਲ, ਗੁਰਸੇਵਕ ਸਿੰਘ ਬੁੱਟਰ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਆਪ ਫ਼ਰੀਦਕੋਟ, ਹਰਜਿੰਦਰ ਸਿੰਘ ਚੌਹਾਨ, ਸਮੂਹ ਪੰਚਾਇਤ ਮੈਂਬਰ ਅਤੇ ਪਿੰਡ ਵਾਸੀ ਵੀ ਹਾਜ਼ਰ ਸਨ।

ਆਦੇਸ਼ ਕਾਲਜ ਦੇ ਵਿਦਿਆਰਥੀ ਬੈਸਟ ਸਟੂਡੈਂਟਸ ਐਵਾਰਡ ਨਾਲ ਸਨਮਾਨਿਤ

ਸਾਦਿਕ, 19 ਅਕਤੂਬਰ (ਗੁਰਭੇਜ ਸਿੰਘ ਚੌਹਾਨ)-ਪੀ.ਸੀ.ਟੀ.ਈ ਗਰੁੱਪ ਆਫ਼ ਇੰਸਟੀਚਿਊਟ ਲੁਧਿਆਣਾ ਵਿਖੇ ਬੀਤੇ ਦਿਨ ਕਰਵਾਏ ਗਏ ਟੈਕ ਫ਼ੈਸਟ ਵਿਚ 30 ਤੋਂ ਵੱਧ ਕਾਲਜਾਂ ਨੇ ਹਿੱਸਾ ਲਿਆ। ਆਦੇਸ਼ ਇੰਸਟੀਚਿਊਟ ਆਫ਼ ਹਾਇਰ ਸਟੱਡੀਜ਼ ਦੇ ਵਿਦਿਆਰਥੀ ਹਰਮਨਦੀਪ ਸਿੰਘ ਬੀ.ਸੀ.ਏ. ਤੀਜਾ ਸਮੈਸਟਰ, ਇੰਦਰਜੀਤ ਸਿੰਘ ਐਮ.ਐਲ.ਐਸ. ਪਹਿਲਾ ਸਮੈਸਟਰ, ਸਾਹਿਲ ਕੁਮਾਰ ਬੀ.ਕਾਮਰਸ. ਤੀਜਾ ਸਮੈਸਟਰ ਨੂੰ ਬੈਸਟ ਸਟੂਡੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਖੁਸ਼ੀ ਦੇ ਪਲ ਲਈ ਸੀ.ਐਮ.ਡੀ ਜਨਜੀਤਪਾਲ ਸਿੰਘ ਸੇਖੋਂ ਨੇ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਅਤੇ ਸਾਰੇ ਸਟਾਫ਼ ਨੂੰ ਵਧਾਈ ਦਿੱਤੀ। ਇਸ ਮੌਕੇ ਐਮ.ਡੀ ਜਰਮਨਜੀਤ ਸਿੰਘ ਸੰਧੂ, ਡਾਇਰੈਕਟਰ ਐਸ.ਪੀ.ਮੌਂਗਾ, ਪ੍ਰਿੰਸੀਪਲ ਡਾ. ਅਮਰਦੀਪ ਸਿੰਘ ਵਿਰਕ, ਪ੍ਰੋ:ਪਰਮਜੀਤ ਕੌਰ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

ਪਿੰਡ ਲੋਹਾਰਾ ਵਿਖੇ ਪਰਾਲੀ ਪ੍ਰਬੰਧਨ ਸੰਬੰਧੀ ਲਗਾਇਆ ਕਿਸਾਨ ਸਿਖਲਾਈ ਕੈਂਪ

ਮੋਗਾ, 19 ਅਕਤੂਬਰ (ਸੁਰਿੰਦਰਪਾਲ ਸਿੰਘ)-ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਗੁਰਬਾਜ਼ ਸਿੰਘ ਦੀ ਯੋਗ ਅਗਵਾਈ ਹੇਠ ਅਸ਼ਵਨੀ ਕੁਮਾਰ ਖੇਤੀਬਾੜੀ ਵਿਸਥਾਰ ਅਫ਼ਸਰ ਸਰਕਲ ਜਲਾਲਾਬਾਦ ਪੂਰਬੀ ਵਲੋਂ ਪਿੰਡ ਲੁਹਾਰਾ ਵਿਖੇ ਝੋਨੇ ਦੀ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਅਸ਼ਵਨੀ ਕੁਮਾਰ ਖੇਤੀਬਾੜੀ ਵਿਸਥਾਰ ਅਫ਼ਸਰ ਵਲੋਂ ਇਸ ਕੈਂਪ ਵਿਚ ਆਏ ਹੋਏ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਝੋਨਾ ਐਸ.ਐਮ.ਐਸ. ਲੱਗੀ ਕੰਬਾਈਨ ਨਾਲ ਕਟਵਾਉਣ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਸੁਪਰ ਸੀਡਰ ਮਲਚਰ ਹੈਪੀ ਸੀਡਰ ਪਲੋਅ ਆਦਿ ਮਸ਼ੀਨਾਂ ਦੀ ਵਰਤੋਂ ਕਰ ਕੇ ਬਿਜਾਈ ਕਰਨ ਲਈ ਕਿਹਾ ਗਿਆ। ਉਨ੍ਹਾਂ ਕਿਸਾਨਾਂ ਨੂੰ ਕਣਕ ਦੀ ਬਿਜਾਈ ਕਣਕ ਦੇ ਬੀਜ ਦੀ ਸੋਧ ਕਰ ਕੇ ਕਰਨ ਲਈ ਕਿਹਾ ਅਤੇ ਕਣਕ ਵਿਚ ਆਉਣ ਵਾਲੀ ਗੁਲਾਬੀ ਸੁੰਡੀ ਦੇ ਹਮਲੇ ਬਾਰੇ ਅਤੇ ਇਸ ਦੀ ਰੋਕਥਾਮ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਅਮਨਦੀਪ ਸਿੰਘ ਜੂਨੀਅਰ ਤਕਨੀਸ਼ੀਅਨ ਵਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਵਿਚ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ ਦੀ ਸੁਚੱਜੀ ਵਰਤੋਂ ਅਤੇ ਸਾਂਭ-ਸੰਭਾਲ ਸਬੰਧੀ ਨੁਕਤੇ ਸਾਂਝੇ ਕੀਤੇ ਗਏ ਅਤੇ ਇਨ੍ਹਾਂ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਜਗਜੀਵਨ ਸਿੰਘ ਮੌਜੂਦਾ ਸਰਪੰਚ ਲੁਹਾਰਾ, ਧਰਮਿੰਦਰ ਸਿੰਘ, ਸਿਕੰਦਰ ਸਿੰਘ ਆਦਿ ਕਿਸਾਨ ਇਸ ਕਿਸਾਨ ਸਿਖਲਾਈ ਕੈਂਪ ਵਿਚ ਹਾਜ਼ਰ ਹੋਏ।

ਕੈਂਪ ਦੌਰਾਨ ਕਿਸਾਨਾਂ ਨੂੰ ਜਾਗਰੂਕ ਕਰਦੇ ਵਿਭਾਗ ਦੇ ਅਧਿਕਾਰੀ। ਅਜੀਤ ਤਸਵੀਰ

ਜਗਤ ਸੇਵਕ ਖ਼ਾਲਸਾ ਸਕੂਲ ਮਹਿਣਾ ਫੁੱਟਬਾਲ ਟੀਮਾਂ ਦੀਆਂ ਲੜਕੀਆਂ ਨੇ ਜ਼ਿਲ੍ਹਾ ਸਕੂਲ ਖੇਡਾਂ ਵਿਚ ਦੂਸਰਾ ਸਥਾਨ ਲਿਆ

ਮੋਗਾ, 19 ਅਕਤੂਬਰ (ਜਸਪਾਲ ਸਿੰਘ ਬੱਬੀ)-ਜਗਤ ਸੇਵਕ ਖ਼ਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਮਹਿਣਾ (ਮੋਗਾ) ਦੀਆਂ ਅੰਡਰ 11 ਲੜਕੀਆਂ ਨੇ ਜ਼ਿਲ੍ਹਾ ਸਕੂਲ ਖੇਡਾਂ ਫੁੱਟਬਾਲ ਵਿਚੋਂ ਦੂਜਾ ਸਥਾਨ ਹਾਸਲ ਕੀਤਾ ਅਤੇ ਰਾਜ ਪੱਧਰ 'ਤੇ ਹੋਣ ਵਾਲੀਆਂ ਖੇਡਾਂ ਲਈ ਖਿਡਾਰੀਆਂ ਦੀ ਚੋਣ ਹੋਈ। ਇਸੇ ਤਰ੍ਹਾਂ ਐਥਲੈਟਿਕਸ ਮੁਕਾਬਲਿਆਂ ਵਿਚੋਂ ਸ਼ੁੱਭਕਰਨ ਸਿੰਘ ਨੇ ਅੰਡਰ 14 ਸਾਲ 100 ਮੀਟਰ ਰੇਸ ਵਿਚ ਦੂਜਾ ਸਥਾਨ ਅਤੇ ਜਸ਼ਨਪ੍ਰੀਤ ਸਿੰਘ ਨੇ ਅੰਡਰ 17 ਸਾਲ ਨੇ 100 ਮੀਟਰ ਰੇਸ ਅਤੇ ਲੰਬੀ ਛਾਲ ਵਿਚ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਜਨਰਲ ਸਕੱਤਰ ਰੇਸ਼ਮ ਸਿੰਘ ਖਹਿਰਾ, ਸੁਰਿੰਦਰ ਸਿੰਘ ਸੁਪਰਵਾਈਜ਼ਰ ਅਤੇ ਪ੍ਰਿੰਸੀਪਲ ਬਲਜਿੰਦਰ ਕੌਰ ਨੇ ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਨ੍ਹਾਂ ਉਪਲਬਧੀਆਂ ਦਾ ਸਿਹਰਾ ਸਟਾਫ਼ ਡੀ.ਪੀ.ਈ. ਸਵਰਨਜੀਤ ਕੌਰ, ਰਿੰਪਲ ਸ਼ਰਮਾ ਅਤੇ ਕਮਲਪ੍ਰੀਤ ਕੌਰ ਦੀ ਸਖ਼ਤ ਮਿਹਨਤ ਨੂੰ ਦਿੱਤਾ ਅਤੇ ਆਸ ਜਤਾਈ ਕਿ ਆਉਣ ਵਾਲੀਆਂ ਖੇਡਾਂ ਵਿਚ ਵੀ ਇਸ ਨੂੰ ਕਾਇਮ ਰੱਖਿਆ ਜਾਵੇਗਾ।

ਦਸਮੇਸ਼ ਪਬਲਿਕ ਸਕੂਲ ਬਰਗਾੜੀ ਦੇ ਬੱਚੇ ਸੱਥ 'ਚ ਪ੍ਰਦੂਸ਼ਣ ਰਹਿਤ ਦੀਵਾਲੀ ਸਬੰਧੀ ਨਾਟਕ ਖੇਡਦੇ ਹੋਏ। ਤਸਵੀਰ: ਲਖਵਿੰਦਰ ਸ਼ਰਮਾ

ਦਸਮੇਸ਼ ਸਕੂਲ ਦੇ ਬੱਚਿਆਂ ਨੇ ਪ੍ਰਦੂਸ਼ਣ ਰਹਿਤ ਦੀਵਾਲੀ ਸੰਬੰਧੀ ਰੈਲੀ ਤੇ ਨਾਟਕ ਪੇਸ਼ ਕੀਤਾ

ਬਰਗਾੜੀ, 19 ਅਕਤੂਬਰ (ਲਖਵਿੰਦਰ ਸ਼ਰਮਾ)- ਦਸਮੇਸ਼ ਪਬਲਿਕ ਸਕੂਲ ਬਰਗਾੜੀ ਦੇ ਬੱਚਿਆਂ ਨੇ ਕਸਬਾ ਬਰਗਾੜੀ ਦੀਆਂ ਸਮੂਹ ਗਲੀਆਂ ਅਤੇ ਸੱਥਾਂ ਵਿਚ ਜਾ ਕੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਲਈ ਜਾਗੂਰਕ ਰੈਲੀ ਅਤੇ ਨੁੱਕੜ ਨਾਟਕ ਕੀਤੇ। ਇਸ ਰੈਲੀ ਨੂੰ ਸਕੂਲ ਡਾਇਰੈਕਟਰ ਜਸਬੀਰ ਸਿੰਘ ਸੰਧੂ, ਪ੍ਰਿੰਸੀਪਲ ਯਸ਼ੂ ਧਿੰਗੜਾ ਨੇ ਰਵਾਨਾ ਕਰਦਿਆਂ ਦੀਵਾਲੀ ਦੇ ਤਿਓਹਾਰ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਸਮੂਹ ਬੱਚਿਆਂ ਅਤੇ ਸਟਾਫ਼ ਨੂੰ ਦੀਵਾਲੀ ਦੀ ਵਧਾਈ ਦਿੰਦਿਆਂ ਸਾਰਿਆਂ ਦੀ ਤੰਦਰੁਸਤੀ ਦੀ ਕਾਮਨਾ ਕੀਤੀ। ਸਕੂਲ ਵਿਚ ਰੈਲੀ ਤੋਂ ਪਹਿਲਾਂ ਬੱਚਿਆਂ ਦੇ ਦੀਵਾਲੀ ਸਬੰਧੀ ਭਾਸ਼ਣ, ਪੋਸਟਰ ਬਣਾਉਣ, ਕਮਰੇ ਸਜਾਉਣ, ਰੰਗੋਲੀ, ਲੇਖ ਲਿਖਣ ਆਦਿ ਦੇ ਮੁਕਾਬਲੇ ਕਰਵਾਏ ਗਏ ਤੇ ਪਹਿਲੀਆਂ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਬੱਚਿਆਂ ਨੇ ਆਪਣੇ ਹੱਥਾਂ ਵਿਚ ਪ੍ਰਦੂਸ਼ਣ ਰਹਿਤ ਦੀਵਾਲੀ ਸਬੰਧੀ ਬੈਨਰ ਫੜੇ ਹੋਏ ਸਨ ਤੇ ਹਰੀ ਦੀਵਾਲੀ ਮਨਾਉਣ ਲਈ ਨਾਅਰੇਬਾਜ਼ੀ ਕਰ ਰਹੇ ਸਨ। ਬੱਚਿਆਂ ਨੇ ਪਿੰਡ ਦੀਆਂ ਸੱਥਾਂ 'ਚ ਰੁਕ ਕੇ ਪ੍ਰਦੂਸ਼ਣ ਰਹਿਤ ਦੀਵਾਲੀ ਸਬੰਧੀ ਭਾਸ਼ਣ ਦਿੱਤੇ ਤੇ ਨਾਟਕ ਖੇਡ ਕੇ ਲੋਕਾਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਲਈ ਜਾਗੂਰਕ ਕੀਤਾ। ਸੱਥਾਂ ਵਿਚ ਬੈਠੇ ਤੇ ਮੋਹਤਬਰ ਲੋਕਾਂ ਨੇ ਬੱਚਿਆਂ ਦੀ ਇਸ ਕਾਰਗੁਜ਼ਾਰੀ ਨੂੰ ਖੂਬ ਸਲਾਹਿਆ ਤੇ ਬੱਚਿਆਂ ਦੀ ਗੱਲ ਨੂੰ ਪੂਰੀ ਗਹੁ ਨਾਲ ਸੁਣਿਆ। ਇਸ ਮੌਕੇ ਸਕੂਲ ਦੀ ਕੋਆਰਡੀਨੇਟਰ ਕਮਲਜੀਤ ਕੌਰ ਢਿੱਲੋਂ, ਚੇਤਨਾ ਸ਼ਰਮਾ, ਅਨੀਤਾ ਰਾਣੀ, ਸਮੂਹ ਸਟਾਫ਼, ਬੱਚੇ ਆਦਿ ਹਾਜ਼ਰ ਸਨ।

ਰੈੱਡ ਕਰਾਸ ਸੀਨੀਅਰ ਸਿਟੀਜ਼ਨ ਵੈਲਫ਼ੇਅਰ ਕਲੱਬ ਦਾ ਜਨਰਲ ਇਜਲਾਸ ਹੋਇਆ

ਫ਼ਰੀਦਕੋਟ, 19 ਅਕਤੂਬਰ (ਹਰਮਿੰਦਰ ਸਿੰਘ ਮਿੰਦਾ)-ਸਥਾਨਕ ਰੈੱਡ ਕਰਾਸ ਸੀਨੀਅਰ ਸਿਟੀਜਨ ਵੈਲਫ਼ੇਅਰ ਕਲੱਬ ਫ਼ਰੀਦਕੋਟ ਦਾ ਜਨਰਲ ਇਜਲਾਸ ਹੋਇਆ। ਜਨਰਲ ਇਜਲਾਸ ਵਿਚ ਮੈਂਬਰਾਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਪ੍ਰੋ.ਐਨ.ਕੇ ਗੁਪਤਾ, ਦਰਸ਼ਨ ਕੁਮਾਰ ਸੁਖੀਜਾ, ਵਿਦਿਆ ਰਤਨ ਦੇਵਗਨ, ਰਾਜਾ ਰਾਜਵਿੰਦਰ ਸਿੰਘ ਤਹਿਸੀਲਦਾਰ ਰਿਟਾ., ਡਾ. ਅਜੀਤ ਸਿੰਘ ਗਿੱਲ, ਬਲਵੰਤ ਰਾਏ ਗੱਖੜ, ਪ੍ਰਿੰਸੀਪਲ ਕ੍ਰਿਸ਼ਨ ਲਾਲ ਆਦਿ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਸੁਰਿੰਦਰਪਾਲ ਸ਼ਰਮਾ ਨੇ ਸਟੇਜ ਦਾ ਕੰਮ ਬਾਖੂਬੀ ਨਿਭ